**16ਵੀਂ ਪੰਜਾਬ ਵਿਧਾਨ ਸਭਾ**

**ਅੱਠਵਾਂ (ਬਜਟ) ਸਮਾਗਮ**

**ਪੰਜਾਬ ਵਿਧਾਨ ਸਭਾ**

**ਬੁਲੇਟਿਨ ਨੰ: 6**

**ਸ਼ੁੱਕਰਵਾਰ, 28 ਮਾਰਚ, 2025**

**(10.00 ਵਜੇ ਸਵੇਰ ਤੋਂ 12.29 ਵਜੇ ਬਾਅਦ ਦੁਪਹਿਰ ਤੱਕ)**

**1. ਪ੍ਰਸ਼ਨ**

**(ੳ) ਨਿਸ਼ਾਨ ਵਾਲੇ ਪ੍ਰਸ਼ਨ :**

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 18 | 1 | 1 | - | 25 |

**(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ : 08**

**2. ਮਾਣਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ**

ਮਾਣਯੋਗ ਸਪੀਕਰ ਵੱਲੋਂ ਯੂਨੀਵਰਸਿਟੀ ਕਾਲਜ, ਚੁੰਨੀ ਕਲਾਂ, ਫਤਿਹਗੜ੍ਹ ਸਾਹਿਬ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਆਖਿਆ ਗਿਆ।

**3. ਨਿਯਮ 16 ਅਧੀਨ ਪ੍ਰਸਤਾਵ**

ਸੰਸਦੀ ਮਾਮਲੇ ਮੰਤਰੀ ਦੁਆਰਾ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ-

"ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।"

**4. ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼ ਪੱਤਰ**

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: 3(1) ਅਧੀਨ ਦਰਸਾਏ ਗਏ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

5. **ਰਿਪੋਰਟਾਂ ਪੇਸ਼ ਕਰਨਾ**

1. ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਅਤੇ ਪੱਛੜੀਆਂ ਸ਼੍ਰੇਣੀਆਂ ਦੀ ਭਲਾਈ ਸਬੰਧੀ ਕਮੇਟੀ ਦੇ ਸਭਾਪਤੀ (ਡਾ. ਚਰਨਜੀਤ ਸਿੰਘ) ਨੇ ਕਮੇਟੀ ਦੇ ਪੰਜਾਬ ਰਾਜ ਦੇ ਸਾਰੇ ਵਿਭਾਗਾਂ ਵਿੱਚ ਰੋਸਟਰ ਪ੍ਰਣਾਲੀ ਲਾਗੂ ਕਰਨ ਸਬੰਧੀ ਸਾਲ 2024-25 ਲਈ ਕਮੇਟੀ ਦੀ 49ਵੀਂ ਰਿਪੋਰਟ ਪੇਸ਼ ਕੀਤੀ।

2. ਸਰਕਾਰੀ ਆਸ਼ਵਾਸਨਾਂ ਸਬੰਧੀ ਕਮੇਟੀ ਦੇ ਸਭਾਪਤੀ (ਸਰਦਾਰ ਦਵਿੰਦਰਜੀਤ ਸਿੰਘ ਲਾਡੀ ਢੋਸ) ਨੇ ਕਮੇਟੀ ਦੀ ਸਾਲ 2024-25 ਲਈ ਕਮੇਟੀ ਦੀ 53ਵੀਂ ਰਿਪੋਰਟ ਪੇਸ਼ ਕੀਤੀ।

3. ਅਧੀਨ ਵਿਧਾਨ ਕਮੇਟੀ ਦੇ ਸਭਾਪਤੀ (ਸਰਦਾਰ ਅਮਰਪਾਲ ਸਿੰਘ) ਨੇ ਕਮੇਟੀ ਦੀ 46ਵੀਂ ਰਿਪੋਰਟ ਪੇਸ਼ ਕੀਤੀ।

4. ਕੁਐਸਚਨਜ਼ ਐਂਡ ਰੈਫਰੈਂਸਿਜ਼ ਸਬੰਧੀ ਕਮੇਟੀ ਦੇ ਸਭਾਪਤੀ (ਸਰਦਾਰ ਜਗਰੂਪ ਸਿੰਘ ਗਿੱਲ) ਨੇ ਕਮੇਟੀ ਦੀ ਸਾਲ 2024-25 ਲਈ ਕਮੇਟੀ ਦੀ 17ਵੀਂ ਰਿਪੋਰਟ ਪੇਸ਼ ਕੀਤੀ।

5. ਖੇਤੀਬਾੜੀ ਅਤੇ ਇਸ ਨਾਲ ਜੁੜੀਆਂ ਗਤੀਵਿਧੀਆਂ ਸਬੰਧੀ ਕਮੇਟੀ ਦੇ ਸਭਾਪਤੀ (ਸਰਦਾਰ ਸਰਵਣ ਸਿੰਘ ਧੁੰਨ) ਨੇ ਕਮੇਟੀ ਦੀ ਸਾਲ 2024-25 ਲਈ ਕਮੇਟੀ ਦੀ ਤੀਜੀ ਰਿਪੋਰਟ ਪੇਸ਼ ਕੀਤੀ।

6. ਪਟੀਸ਼ਨ ਕਮੇਟੀ ਸਬੰਧੀ ਕਮੇਟੀ ਦੇ ਸਭਾਪਤੀ (ਸਰਦਾਰ ਮਨਜੀਤ ਸਿੰਘ ਬਿਲਾਸਪੁਰ) ਨੇ ਕਮੇਟੀ ਦੀ ਸਾਲ 2024-25 ਲਈ ਕਮੇਟੀ ਦੀ ਪਹਿਲੀ ਰਿਪੋਰਟ ਪੇਸ਼ ਕੀਤੀ।

6. **ਸਰਕਾਰੀ ਮਤਾ**

ਸੰਸਦੀ ਮਾਮਲੇ ਮੰਤਰੀ ਵੱਲੋਂ ਪ੍ਰਸਤਾਵ ਕੀਤਾ ਗਿਆ ਹੇਠ ਲਿਖਿਆ ਮਤਾ ਪੇਸ਼ ਹੋਇਆ ਤੇ ਪ੍ਰਵਾਨ ਹੋਇਆ:

"ਜਦੋਂ ਕਿ ਭਾਰਤ ਦੀ ਸੰਸਦ ਨੇ ਜਲ ਪ੍ਰਦੂਸ਼ਣ ਦੀ ਰੋਕਥਾਮ ਅਤੇ ਨਿਯੰਤਰਣ ਅਤੇ ਪਾਣੀ ਦੀ ਸ਼ੁੱਧਤਾ ਨੂੰ ਬਹਾਲ ਰੱਖਣ ਲਈ ਜਲ (ਪ੍ਰਦੂਸ਼ਣ ਰੋਕਥਾਮ ਅਤੇ ਨਿਯੰਤਰਣ) ਐਕਟ, 1974 (1974 ਦਾ ਕੇਂਦਰੀ ਐਕਟ ਨੰ.6) ਲਾਗੂ ਕੀਤਾ ਸੀ।

ਅਤੇ ਕਿਉਂਕਿ ਪੰਜਾਬ ਰਾਜ ਦੀ ਵਿਧਾਨ ਸਭਾ ਨੇ ਭਾਰਤ ਦੇ ਸੰਵਿਧਾਨ ਦੀ ਧਾਰਾ 252 ਦੀ ਪਾਲਣਾ ਵਿੱਚ, 3 ਫਰਵਰੀ, 1975 ਦੇ ਮਤੇ ਰਾਹੀਂ ਜਲ (ਪ੍ਰਦੂਸ਼ਣ ਰੋਕਥਾਮ ਅਤੇ ਨਿਯੰਤਰਣ) ਐਕਟ, 1974 ਨੂੰ ਅਪਣਾਉਣ ਦਾ ਸੰਕਲਪ ਲਿਆ ਸੀ।

ਅਤੇ ਕਿਉਂਕਿ ਪੰਜਾਬ ਰਾਜ ਦੀ ਵਿਧਾਨ ਸਭਾ ਨੇ ਭਾਰਤ ਦੇ ਸੰਵਿਧਾਨ ਦੀ ਧਾਰਾ 252 ਦੀ ਪਾਲਣਾ ਵਿੱਚ, 15 ਅਕਤੂਬਰ, 1979 ਦੇ ਮਤੇ ਰਾਹੀਂ ਜਲ (ਪ੍ਰਦੂਸ਼ਣ ਅਤੇ ਰੋਕਥਾਮ ਨਿਯੰਤਰਣ) ਸੋਧ ਐਕਟ, 1978 (1978 ਦਾ ਕੇਂਦਰੀ ਐਕਟ ਨੰ. 44) ਨੂੰ ਅਪਣਾਉਣ ਦਾ ਫੈਸਲਾ ਕੀਤਾ ਸੀ।

ਅਤੇ ਕਿਉਂਕਿ ਪੰਜਾਬ ਰਾਜ ਦੀ ਵਿਧਾਨ ਸਭਾ ਨੇ ਭਾਰਤ ਦੇ ਸੰਵਿਧਾਨ ਦੀ ਧਾਰਾ 252 ਦੀ ਪਾਲਣਾ ਵਿੱਚ, 9 ਅਪ੍ਰੈਲ, 1992 ਦੇ ਮਤੇ ਰਾਹੀਂ ਜਲ (ਪ੍ਰਦੂਸ਼ਣ ਰੋਕਥਾਮ ਅਤੇ ਨਿਯੰਤਰਣ) ਸੋਧ ਐਕਟ, 1988 (1988 ਦਾ ਕੇਂਦਰੀ ਐਕਟ ਨੰ.53) ਨੂੰ ਅਪਣਾਉਣ ਦਾ ਫੈਸਲਾ ਕੀਤਾ ਸੀ।

ਅਤੇ ਜਿੱਥੇ ਭਾਰਤ ਦੀ ਸੰਸਦ ਨੇ 15.2.2024 ਨੂੰ ਨੋਟੀਫਾਈ ਕੀਤਾ ਗਿਆ ਜਲ (ਪ੍ਰਦੂਸ਼ਣ ਰੋਕਥਾਮ ਅਤੇ ਨਿਯੰਤਰਣ) ਸੋਧ ਐਕਟ, 2024 (2024 ਦਾ ਕੇਂਦਰੀ ਐਕਟ ਨੰ.5) ਲਾਗੂ ਕੀਤਾ ਸੀ।

ਅਤੇ ਜਿੱਥੇ ਸੋਧ ਐਕਟ, 2024, ਪਹਿਲੀ ਵਾਰ, ਹਿਮਾਚਲ ਪ੍ਰਦੇਸ਼ ਅਤੇ ਰਾਜਸਥਾਨ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ 'ਤੇ ਲਾਗੂ ਹੋਵੇਗਾ; ਅਤੇ ਇਹ ਅਜਿਹੇ ਹੋਰ ਰਾਜਾਂ 'ਤੇ ਲਾਗੂ ਹੋਵੇਗਾ ਜੋ ਇਸ ਐਕਟ ਨੂੰ ਅਪਣਾਉਣਗੇ, ਸੰਵਿਧਾਨ ਦੇ ਅਨੁਛੇਦ 252 ਦੇ ਉਪਖੰਡ (1) ਦੇ ਅਧੀਨ ਆਪਣੀਆ ਵਿਧਾਨ ਸਭਾਵਾਂ ਅਤੇ ਵਿਧਾਨ ਪ੍ਰੀਸ਼ਦਾਂ (ਜੇਕਰ ਕੋਈ ਹੈ) ਵਿੱਚ ਇੱਕ ਮਤਾ ਪਾਸ ਕਰਕੇ, ਜਿਸ ਨੂੰ ਧਾਰਾ (2) ਦੇ ਨਾਲ ਪੜ੍ਹਿਆ ਜਾਂਦਾ ਹੈ, ਅਜਿਹਾ ਅਪਣਾਉਣ ਦੀ ਮਿਤੀ ਤੋਂ ਪ੍ਰਭਾਵੀ ਹੋਵੇਗਾ।

ਅਤੇ ਜਿੱਥੇ, ਇਸ ਸੋਧ ਐਕਟ, 2024 ਦਾ ਉਦੇਸ਼ ਦੇਸ਼ ਵਿੱਚ ਕਾਰੋਬਾਰ ਕਰਨ ਵਿੱਚ ਆਸਾਨੀ ਨੂੰ ਸੁਚਾਰੂ ਬਣਾਉਣ ਅਤੇ ਰਾਜ ਪ੍ਰਦੂਸ਼ਣ ਕੰਟਰੋਲ ਬੋਰਡਾਂ ਦੇ ਚੇਅਰਮੈਨ ਦੀ ਨਾਮਜ਼ਦਗੀ ਦੀ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਮੂਲ ਐਕਟ "ਜਲ (ਪ੍ਰਦੂਸ਼ਣ ਰੋਕਥਾਮ ਅਤੇ ਨਿਯੰਤਰਣ) ਐਕਟ, 1974" (1974 ਦਾ ਕੇਂਦਰੀ ਐਕਟ ਨੰ.6) ਦੇ ਉਪਬੰਧਾਂ ਨੂੰ ਅਪਰਾਧ ਦੀ ਸ਼੍ਰੇਣੀ ਤੋਂ ਬਾਹਰ ਕਰਨਾ ਹੈ;

ਅਤੇ ਕਿਉਂਕਿ ਇਸ ਵਿਧਾਨ ਸਭਾ ਨੂੰ ਇਹ ਲੋੜੀਂਦਾ ਜਾਪਦਾ ਹੈ ਕਿ ਉਪਰੋਕਤ ਸੋਧ ਐਕਟ, 2024 ਨੂੰ ਇਸ ਵਿਧਾਨ ਸਭਾ ਵਿੱਚ ਇੱਕ ਮਤਾ ਪਾਸ ਕਰਕੇ ਪੰਜਾਬ ਰਾਜ ਵਿੱਚ ਅਪਣਾਇਆ ਜਾਵੇ।

ਹੁਣ, ਇਸ ਲਈ, ਭਾਰਤ ਦੇ ਸੰਵਿਧਾਨ ਦੇ ਅਨੁਛੇਦ 252 ਦੇ ਉਪਭਾਗ (1) ਦੇ ਨਾਲ ਪੜ੍ਹੇ ਗਏ ਉਪਭਾਗ (2) ਦੁਆਰਾ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਇਹ ਅਸੈਂਬਲੀ ਇਸ ਦੁਆਰਾ ਮਤਾ ਪਾਉਂਦੀ ਹੈ ਕਿ ਜਲ (ਪ੍ਰਦੂਸ਼ਣ ਰੋਕਥਾਮ ਅਤੇ ਨਿਯੰਤਰਣ) ਸੋਧ ਐਕਟ 2024 ਦੇ ਸੰਬੰਧ ਵਿੱਚ ਸੋਧਾਂ ਨੂੰ ਪੰਜਾਬ ਰਾਜ ਲਈ ਅਪਣਾਇਆ ਜਾਵੇ ਜਿਵੇਂ ਕਿ ਸੰਸਦ ਦੁਆਰਾ ਲਾਗੂ ਕੀਤਾ ਗਿਆ ਹੈ।"

ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਦੇ ਮੈਂਬਰ, ਸ੍ਰੀ ਅਵਤਾਰ ਸਿੰਘ ਜੂਨੀਅਰ ਮਤੇ ਤੇ ਹੋਈ ਬਹਿਸ ਵਿੱਚ ਹਿੱਸਾ ਲੈਂਦੇ ਹੋਏ 05 ਮਿੰਟ ਲਈ ਬੋਲੇ।

ਸੰਸਦੀ ਮਾਮਲੇ ਮੰਤਰੀ ਮਤੇ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 05 ਮਿੰਟ ਲਈ ਬੋਲੇ।

7. **ਸਾਲ 2025-26 ਲਈ ਚੁਣੀਆਂ ਗਈਆਂ ਕਮੇਟੀਆਂ ਦੇ ਗਠਨ ਸਬੰਧੀ ਪ੍ਰਸਤਾਵ**

ਸੰਸਦੀ ਮਾਮਲੇ ਮੰਤਰੀ ਵਲੋਂ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਪੇਸ਼ ਹੋਇਆ ਤੇ ਪ੍ਰਵਾਨ ਹੋਇਆ:

"ਕਿਉਂਜੋ ਸਾਲ 2025-26 ਲਈ:

1. ਲੋਕ ਲੇਖਾ ਕਮੇਟੀ;
2. ਅਨੁਮਾਨ ਕਮੇਟੀ;
3. ਸਰਕਾਰੀ ਕਾਰੋਬਾਰ ਕਮੇਟੀ; ਅਤੇ
4. ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਅਤੇ ਪੱਛੜੀਆਂ ਸ਼੍ਰੇਣੀਆਂ ਦੀ ਭਲਾਈ ਸਬੰਧੀ ਕਮੇਟੀ,

ਲਈ ਚੋਣਾਂ 31 ਮਾਰਚ, 2025 ਤੋਂ ਪਹਿਲਾਂ ਕੀਤੀਆਂ ਜਾਣੀਆਂ ਬਣਦੀਆਂ ਹਨ; ਅਤੇ

ਕਿਉਂਜੋ ਸਦਨ ਕੋਲ ਬਾਕੀ ਰਹਿੰਦਾ ਸਮਾਂ ਬਹੁਤ ਘੱਟ ਹੈ ਅਤੇ ਸਧਾਰਨ ਰੂਪ ਵਿਚ ਇਨ੍ਹਾਂ ਕਮੇਟੀਆਂ ਲਈ ਚੋਣ ਕਰਵਾਉਣਾ ਸੰਭਵ ਨਹੀਂ ਹੈ;

ਇਸ ਲਈ, ਹੁਣ, ਇਹ ਸਦਨ ਸਪੀਕਰ, ਪੰਜਾਬ ਵਿਧਾਨ ਸਭਾ ਨੂੰ ਸਦਨ ਵਿਚ ਵੱਖ-ਵੱਖ ਪਾਰਟੀਆਂ/ਗੁਰੱਪਾਂ ਦੀ ਅਨੁਪਾਤੀ ਸੰਖਿਆ ਨੂੰ ਧਿਆਨ ਵਿਚ ਰੱਖਦੇ ਹੋਏ ਉਕਤ ਵਰਣਿਤ ਸਾਲ ਲਈ ਉਪਰੋਕਤ ਕਮੇਟੀਆਂ ਦੇ ਮੈਂਬਰ ਨਾਮਜ਼ਦ ਕਰਨ ਦਾ ਅਧਿਕਾਰ ਦਿੰਦਾ ਹੈ;

ਇਹ ਸਦਨ, ਹੋਰ ਇਹ ਵੀ ਮਤਾ ਪਕਾਉਂਦਾ ਹੈ ਕਿ ਉਪਰੋਕਤ ਮੰਤਵ ਲਈ ਸਾਲ 2025-26 ਲਈ ਉਕਤ ਕਮੇਟੀਆਂ ਦੀਆਂ ਚੋਣਾਂ ਸਬੰਧੀ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਂਵਲੀ ਦੇ ਨਿਯਮ ਜੋ ਉਕਤ ਮਤੇ ਨਾਲ ਮੇਲ ਨਾ ਖਾਂਦੇ ਹੋਣ ਜਾਂ ਉਸਦੇ ਉਲਟ ਹੋਣ, ਮੁਅੱਤਲ ਰਹਿਣਗੇ।

8. **ਵਿਧਾਨਕ ਕੰਮ-ਕਾਰ**

1) **ਦਿ ਇੰਡੀਅਨ ਸਟੈਂਪ (ਪੰਜਾਬ ਸੋਧਨਾ) ਬਿਲ, 2025**

ਮਾਲ, ਮੁੜ ਵਸੇਬਾ ਅਤੇ ਕੁਦਰਤੀ ਆਫਤਾਂ ਪ੍ਰਬੰਧਨ ਮੰਤਰੀ ਨੇ ਦਿ ਇੰਡੀਅਨ ਸਟੈਂਪ (ਪੰਜਾਬ ਸੋਧਨਾ) ਬਿਲ, 2025 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਮਾਲ, ਮੁੜ ਵਸੇਬਾ ਅਤੇ ਕੁਦਰਤੀ ਆਫਤਾਂ ਪ੍ਰਬੰਧਨ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਦਿ ਇੰਡੀਅਨ ਸਟੈਂਪ (ਪੰਜਾਬ ਸੋਧਨਾ) ਬਿਲ, 2025 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

2) **ਦਿ ਟਰਾਂਸਫਰ ਆਫ ਪ੍ਰੀਜ਼ਨਰਜ਼ (ਪੰਜਾਬ ਸੋਧਨਾ) ਬਿਲ, 2025**

ਜੇਲ੍ਹਾਂ ਮੰਤਰੀ ਨੇ ਦਿ ਟਰਾਂਸਫਰ ਆਫ ਪ੍ਰੀਜ਼ਨਰਜ਼ (ਪੰਜਾਬ ਸੋਧਨਾ) ਬਿਲ, 2025 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2 , ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਜੇਲ੍ਹਾਂ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਦਿ ਟਰਾਂਸਫਰ ਆਫ ਪ੍ਰੀਜ਼ਨਰਜ਼ (ਪੰਜਾਬ ਸੋਧਨਾ) ਬਿਲ, 2025 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

3) **<u>ਦਿ ਪੰਜਾਬ ਰੈਗੂਲੇਸ਼ਨ ਆਫ ਕਰੱਸ਼ਰ ਯੂਨਿਟਸ ਐਂਡ ਸਟਾਕਿਸਟਸ ਐਂਡ ਰਿਟੇਲਰਜ਼ ਬਿਲ, 2025</u>**

ਖਣਨ ਤੇ ਭੂ ਵਿਗਿਆਨ ਮੰਤਰੀ ਨੇ ਦਿ ਪੰਜਾਬ ਰੈਗੂਲੇਸ਼ਨ ਆਫ ਕਰੱਸ਼ਰ ਯੂਨਿਟਸ ਐਂਡ ਸਟਾਕਿਸਟਸ ਐਂਡ ਰਿਟੇਲਰਜ਼ ਬਿਲ, 2025 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2) ਤੇ (3), ਕਲਾਜ਼ਾਂ 2 ਤੋਂ 29 ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਖਣਨ ਤੇ ਭੂ ਵਿਗਿਆਨ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਦਿ ਪੰਜਾਬ ਰੈਗੂਲੇਸ਼ਨ ਆਫ ਕਰੱਸ਼ਰ ਯੂਨਿਟਸ ਐਂਡ ਸਟਾਕਿਸਟਸ ਐਂਡ ਰਿਟੇਲਰਜ਼ ਬਿਲ, 2025 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਇਸ ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਗਿਆ।

**ਚੰਡੀਗੜ੍ਹ**
**28 ਮਾਰਚ, 2025**

**ਰਾਮ ਲੋਕ ਖਟਾਣਾ**
**ਸਕੱਤਰ**